## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ 05/58-2012 ਦਅ(5) ਕੋ:ਸੈਲ:3
**ਮਿਤੀ, ਐਸ.ਏ.ਐਸ.ਨਗਰ :- 27.11.2015**

ਸ਼੍ਰੀਮਤੀ ਹਰਮੀਤ ਕੌਰ, ਕਲਰਕ, ਸਹਸ ਸਲਾਣੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ , ਜੋ ਮਿਤੀ 02-12-2011 ਤੋਂ 27-07-2012 ਤੱਕ ਅਤੇ ਮਿਤੀ 05-11-2012 ਤੋਂ ਹੁਣ ਤੱਕ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜ਼ਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਪੱਤਰ ਨੰ: 4/20-2011 ਦਅ (5) ਮਿਤੀ 16.05.12/06.06.12 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰਨ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਪੱਤਰ ਨੰ: 5/68-2014 ਦਅ (5) ਮਿਤੀ 27.11.14/09.12.14 ਰਾਂਹੀ ਸ਼੍ਰੀ ਸਤਪਾਲ ਸਿੰਘ, ਪ੍ਰਿੰਸੀਪਲ, ਸਸਸਸ ਖਮਾਣੋ ਕਲਾਂ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 02-12-2011 ਤੋਂ 27-07-2012 ਤੱਕ ਅਤੇ ਮਿਤੀ 05-11-2012 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜ਼ਰ ਰਹਿਣ ਦਾ ਦੋਸ਼ ਸਿੱਧ ਹੋਇਆ ਹੈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਹਰਮੀਤ ਕੌਰ, ਕਲਰਕ, ਸਹਸ ਸਲਾਣੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜ਼ਰ ਰਹਿਣ ਕਾਰਨ ਮਿਤੀ 29.10.15 ਨੂੰ ਹਿੰਦੁਸਤਾਨ ਟਾਈਮਜ਼ ਚੰਡੀਗੜ੍ਹ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 18 ਤੇ ਇਸ ਕਰਮਚਾਰਨ ਦਾ ਨਾਮ ਦਰਸਾਇਆ ਗਿਆ ਹੈ। ਇਸ ਪਬਲਿਕ ਨੋਟਿਸ ਵਿੱਚ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਹਰਮੀਤ ਕੌਰ, ਕਲਰਕ, ਸਹਸ ਸਲਾਣੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਮਿਤੀ 02-12-2011 ਤੋਂ 27-07-2012 ਤੱਕ ਅਤੇ ਮਿਤੀ 05-11-2012 ਤੋਂ ਹੁਣ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜ਼ਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 21470-73 ਮਿਤੀ, ਐਸ.ਏ.ਐਸ.ਨਗਰ :- 8/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. (ਰਜਿ) ਜ਼ਿਲਾ ਸਿੱਖਿਆ ਅਫਸਰ (ਸੈ:ਸਿ), ਫਤਿਹਗੜ੍ਹ ਸਾਹਿਬ ਨੂੰ ਕਰਮਚਾਰਨ ਦੀ ਸੇਵਾ ਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਮੁੱਖਅਧਿਆਪਕ, ਸਹਸ ਸਲਾਣੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਹਰਮੀਤ ਕੌਰ, ਕਲਰਕ, ਸਹਸ ਸਲਾਣੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ

## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 05/31-2011 ਦਅ(5) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 27.11.2015

ਸ਼੍ਰੀ ਜਰਨੈਲ ਸਿੰਘ, ਕਲਰਕ, ਡਾਇਟ ਰੂਪਨਗਰ, ਜੋ ਮਿਤੀ 20-11-2007 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 5/31-2011 ਦਅ (5) ਮਿਤੀ 21.01.11 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰੀ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 5/31-2011 ਦਅ (5) ਮਿਤੀ 28.05.13 ਰਾਂਹੀ ਸ਼੍ਰੀਮਤੀ ਕਮਲਜੀਤ ਕੌਰ, ਪ੍ਰਿੰਸੀਪਲ, ਸਸਸਸ ਮੋਰਿੰਡਾ(ਰੋਪੜ) ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਭੇਜੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ ਮਿਤੀ 20.11.07 ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੋਇਆ ਹੈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀ ਜਰਨੈਲ ਸਿੰਘ, ਕਲਰਕ, ਡਾਇਟ ਰੂਪਨਗਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 29.10.15 ਨੂੰ ਹਿੰਦੁਸਤਾਨ ਟਾਈਮਜ ਚੰਡੀਗੜ੍ਹ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 10 ਤੇ ਇਸ ਕਰਮਚਾਰੀ ਦਾ ਨਾਮ ਦਰਸਾਇਆ ਗਿਆ ਹੈ। ਇਸ ਪਬਲਿਕ ਨੋਟਿਸ ਵਿੱਚ ਇਸ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰੀ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦਾ ਅਤੇ ਉਸਨੂੰ ਆਪਣ ਵਿਰੁਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀ ਜਰਨੈਲ ਸਿੰਘ, ਕਲਰਕ, ਡਾਇਟ ਰੂਪਨਗਰ ਦੇ ਮਿਤੀ 20.11.2007 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 21474-76 ਮਿਤੀ, ਐਸ.ਏ.ਐਸ.ਨਗਰ :- 8/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਰੂਪਨਗਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ, ਡਾਇਟ ਰੂਪਨਗਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀ ਜਰਨੈਲ ਸਿੰਘ, ਕਲਰਕ, ਡਾਇਟ ਰੂਪਨਗਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 8/19-2005 ਅ 3(4) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :-23.11.15

ਸ਼੍ਰੀਮਤੀ ਅਮਰਜੀਤ ਕੌਰ, ਸ.ਸ ਮਿਸਟ੍ਰੈਸ, ਸਸਸਸ ਮਹਿਤਾ ਨੰਗਲ, ਜਿਲ੍ਹਾ ਅੰਮ੍ਰਿਤਸਰ, ਜੋ ਮਿਤੀ 01-12-2006 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਵਿਭਾਗ ਦੇ ਹੁਕਮ ਨੰ: 8/19-05 ਅ3(4) ਮਿਤੀ 08.05.08/19.06.08 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰਨ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਪੱਤਰ ਨੰ: 8/19-05 ਅ-3(4) ਮਿਤੀ 06.06.11/14.06.11 ਰਾਂਹੀ ਸ਼੍ਰੀ ਸੁਖਵਿੰਦਰ ਸਿੰਘ, ਜਿ:ਸਿ:ਅ:(ਸੈਸਿ) ਅੰਮ੍ਰਿਤਸਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਭੇਜੀ ਗਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਦੇ ਵਿਰੁੱਧ ਮਿਤੀ 01.12.06 ਤੋਂ ਹੁਣ ਤੱਕ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿਧ ਹੋਇਆ ਹੈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਅਮਰਜੀਤ ਕੌਰ, ਸ.ਸ ਮਿਸਟ੍ਰੈਸ, ਸਸਸਸ ਮਹਿਤਾ ਨੰਗਲ, ਜਿਲ੍ਹਾ ਅੰਮ੍ਰਿਤਸਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਪਬਲਿਕ ਨੋਟਿਸ ਦਿੱਤਾ ਗਿਆ। ਇਹ ਪਬਲਿਕ ਨੋਟਿਸ ਮਿਤੀ 30-04-15 ਨੂੰ ਅਜੀਤ ਅਖਬਾਰ ਵਿੱਚ ਪ੍ਰਕਾਸ਼ਿਤ ਹੋਇਆ। ਇਸ ਵਿਚ ਇਸ ਕਰਮਚਾਰਨ ਦਾ ਨਾਂ ਲੜੀ ਨੰ:2 ਤੇ ਸ਼ਾਮਲ ਸੀ। ਇਸ ਪਬਲਿਕ ਨੋਟਿਸ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ। ਇਸ ਤੋਂ ਬਾਅਦ ਮਿਤੀ 23.07.15 ਅਤੇ 29.10.15 ਨੂੰ ਅਜੀਤ ਅਖਬਾਰ ਵਿੱਚ ਕਰਮਚਾਰਨ ਦੀ ਗੈਰ ਹਾਜਰੀ ਦੀ ਮਿਤੀ ਸਬੰਧੀ ਸੋਧ ਪੱਤਰ ਵੀ ਪਬਲਿਸ਼ ਹੋਇਆ। ਪਰੰਤੂ ਪਬਲਿਕ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਲਿਖਤੀ/ਜੁਬਾਨੀ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸ਼੍ਰੀਮਤੀ ਅਮਰਜੀਤ ਕੌਰ, ਸ.ਸ ਮਿਸਟ੍ਰੈਸ, ਸਸਸਸ ਮਹਿਤਾ ਨੰਗਲ, ਜਿਲ੍ਹਾ ਅੰਮ੍ਰਿਤਸਰ ਦੇ ਮਿਤੀ 01.12.2006 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 21485-88
ਮਿਤੀ, ਐਸ.ਏ.ਐਸ.ਨਗਰ :- 8/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
ਰਜਿ 2. ਜਿਲਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ, ਸਸਸਸ ਮਹਿਤਾ ਨੰਗਲ, ਜਿਲ੍ਹਾ ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ਼੍ਰੀਮਤੀ ਅਮਰਜੀਤ ਕੌਰ, ਸ.ਸ ਮਿਸਟ੍ਰੈਸ, ਸਸਸਸ ਮਹਿਤਾ ਨੰਗਲ, ਜਿਲ੍ਹਾ ਅੰਮ੍ਰਿਤਸਰ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 06/163-2010 ਅ 2(4) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 27.11.2015

ਸ੍ਰੀਮਤੀ ਪਰਮਜੀਤ ਕੌਰ ਪਾਬਲਾ, ਸ.ਸ. ਮਿਸਟ੍ਰੈਸ, ਸਸਸਸ ਹੈਬੋਂਵਾਲ ਬੇਟ, ਜ਼ਿਲ੍ਹਾ ਲੁਧਿਆਣਾ, ਜੋ ਮਿਤੀ 01.10.2007 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 6/163-2010 ਅ 2(1) ਮਿਤੀ 25.05.10/14.07.10 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰਨ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 6/163-2010 ਅ 2(1) ਮਿਤੀ 08.11.10/03.12.10 ਰਾਂਹੀ ਸ੍ਰੀ ਸੰਜੀਵ ਥਾਪਰ, ਪ੍ਰਿੰਸੀਪਲ, ਸਸਸਸ ਪੀ.ਏ.ਯੂ., ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਭੇਜੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 01.10.07 ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੋਇਆ ਹੈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀਮਤੀ ਪਰਮਜੀਤ ਕੌਰ ਪਾਬਲਾ, ਸ.ਸ. ਮਿਸਟ੍ਰੈਸ, ਸਸਸਸ ਹੈਬੋਂਵਾਲ ਬੇਟ, ਜ਼ਿਲ੍ਹਾ ਲੁਧਿਆਣਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 29.10.15 ਨੂੰ ਹਿੰਦੁਸਤਾਨ ਟਾਈਮਜ ਚੰਡੀਗੜ੍ਹ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 14 ਤੇ ਇਸ ਕਰਮਚਾਰਨ ਦਾ ਨਾਮ ਦਰਸਾਇਆ ਗਿਆ ਹੈ। ਇਸ ਪਬਲਿਕ ਨੋਟਿਸ ਵਿੱਚ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਪਰਮਜੀਤ ਕੌਰ ਪਾਬਲਾ, ਸ.ਸ. ਮਿਸਟ੍ਰੈਸ, ਸਸਸਸ ਹੈਬੋਂਵਾਲ ਬੇਟ, ਜ਼ਿਲ੍ਹਾ ਲੁਧਿਆਣਾ ਦੇ ਮਿਤੀ 01.10.2007 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 21515-18 ਮਿਤੀ, ਐਸ.ਏ.ਐਸ.ਨਗਰ :- 8/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ, ਸਸਸਸ ਹੈਬੋਂਵਾਲ ਬੇਟ, ਜ਼ਿਲ੍ਹਾ ਲੁਧਿਆਣਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ੍ਰੀਮਤੀ ਪਰਮਜੀਤ ਕੌਰ ਪਾਬਲਾ, ਸ.ਸ. ਮਿਸਟ੍ਰੈਸ, ਸਸਸਸ ਹੈਬੋਂਵਾਲ ਬੇਟ, ਜ਼ਿਲ੍ਹਾ ਲੁਧਿਆਣਾ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ

# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/98-2013 ਅ 1(5) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :-23.11.15

ਸ਼੍ਰੀਮਤੀ ਰਾਜ ਰਾਜਿੰਦਰ ਕੌਰ, ਲੈਕਚਰਾਰ ਮਿਊਜ਼ਿਕ, ਸਸਸਸ ਔੜ, ਜਿਲ੍ਹਾ ਨਵਾਂਸ਼ਹਿਰ, ਜੋ ਮਿਤੀ 01-09-1998 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਸਰਕਾਰ ਦੇ ਹੁਕਮ ਨੰ: 7/52/13/4 ਸਿ2/2694 ਮਿਤੀ 14.08.13 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 8 ਅਤੇ ਪੰਜਾਬ ਸਰਕਾਰ ਆਚਰਣ ਨਿਯਮ 1966 ਦੇ ਉਪਬੰਧਾਂ ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਪਰੰਤੂ ਕਰਮਚਾਰਨ ਨੂੰ ਸਰਵ ਕੀਤੀ ਦੋਸ਼ ਸੂਚੀ ਅਣਵੰਡੀ ਵਾਪਸ ਆ ਗਈ ਜਿਸ ਤੇ ਇਹ ਰਿਪੋਰਟ ਪ੍ਰਾਪਤ ਹੋਈ ਕਿ ਇਸ ਪਤੇ ਤੇ ਇਸ ਨਾਮ ਦਾ ਕੋਈ ਵਿਅਕਤੀ ਨਹੀਂ ਹੈ। ਇਸ ਤੋਂ ਬਾਅਦ ਪ੍ਰਿੰਸੀਪਲ ਸਕੱਤਰ ਸਕੂਲ ਸਿੱਖਿਆ ਜੀ ਵੱਲੋਂ "ਆਜ਼ਾਦ ਸੋਚ ਅਖਬਾਰ" ਵਿੱਚ ਮਿਤੀ 16.10.13 ਨੂੰ ਇੱਕ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਕਰਮਚਾਰਨ ਨੂੰ 15 ਦਿਨਾਂ ਦੇ ਅੰਦਰ-ਅੰਦਰ ਦਫਤਰ ਵਿੱਚ ਦੋਸ਼ ਸੂਚੀ ਦੀ ਕਾਪੀ ਹਾਸਲ ਕਰਕੇ ਆਪਣਾ ਲਿਖਤੀ ਜਵਾਬ ਪੇਸ਼ ਕਰਨ ਲਈ ਕਿਹਾ ਗਿਆ ਪਰੰਤੂ ਕਰਮਚਾਰਨ ਵੱਲੋਂ ਇਸ ਸਬੰਧੀ ਕੋਈ ਜਵਾਬ ਨਹੀਂ ਦਿੱਤਾ ਗਿਆ ਅਤੇ ਨਾ ਹੀ ਉਹ ਦਫਤਰ ਵਿਖੇ ਹਾਜਰ ਹੋਈ।

ਸਰਕਾਰ ਦੇ ਹੁਕਮ ਨੰ: 7/52/13-4 ਸਿ2/1178-80 ਮਿਤੀ 17.12.13/21.01.14 ਰਾਹੀਂ ਸ੍ਰੀ ਬੀ.ਸੀ. ਗੁਪਤਾ, ਰਿਟਾ: ਪੀ.ਸੀ.ਐਸ. (ਜੇਬੀ) ਨੂੰ ਇਸ ਕੇਸ ਦੀ ਪੜਤਾਲ ਕਰਨ ਲਈ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਵਿਰੁੱਧ ਲਗਾਏ ਗਏ ਦੋਸ਼ ਸਿੱਧ ਕੀਤੇ ਗਏ। ਕਰਮਚਾਰਨ ਨੂੰ ਪੜਤਾਲ ਰਿਪੋਰਟ ਦੀ ਕਾਪੀ ਭੇਜ ਕੇ ਲਿਖਿਆ ਗਿਆ ਸੀ ਕਿ ਉਹ ਆਪਣਾ ਸਪਸ਼ਟੀਕਰਨ ਇੱਕ ਮਹੀਨੇ ਦੇ ਅੰਦਰ ਭੇਜੇ ਪਰ ਪੱਤਰ ਪੋਸਟਲ ਅਥਾਰਟੀ ਤੋਂ ਅਣਵੰਡਿਆ ਵਾਪਸ ਆ ਗਿਆ ਅਤੇ ਉਸ ਤੇ ਰਿਪੋਰਟ ਪ੍ਰਾਪਤ ਹੋਈ ਹੈ ਕਿ "no such person of this name in GSS, OUR , Nawashehar,"

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਰਾਜ ਰਾਜਿੰਦਰ ਕੌਰ, ਲੈਕਚਰਾਰ ਮਿਊਜ਼ਿਕ, ਸਸਸਸ ਔੜ, ਜਿਲ੍ਹਾ ਨਵਾਂਸ਼ਹਿਰ ਲਈ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 29.10.15 ਨੂੰ ਹਿੰਦੁਸਤਾਨ ਟਾਈਮਜ ਚੰਡੀਗੜ੍ਹ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 7 ਤੇ ਇਸ ਕਰਮਚਾਰਨ ਦਾ ਨਾਮ ਦਰਸਾਇਆ ਗਿਆ ਹੈ। ਇਸ ਪਬਲਿਕ ਨੋਟਿਸ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਣ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸ਼੍ਰੀਮਤੀ ਰਾਜ ਰਾਜਿੰਦਰ ਕੌਰ, ਲੈਕਚਰਾਰ ਮਿਊਜ਼ਿਕ, ਸਸਸਸ ਔੜ, ਜਿਲ੍ਹਾ ਨਵਾਂਸ਼ਹਿਰ ਦੇ ਮਿਤੀ 01.09.1998 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 21523-26 ਮਿਤੀ, ਐਸ.ਏ.ਐਸ.ਨਗਰ :- 8/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਰਜਿ ਜਿਲਾ ਸਿੱਖਿਆ ਅਫਸਰ (ਸੈ:ਸਿ), ਨਵਾਂਸ਼ਹਿਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ, ਸਸਸਸ ਔੜ, ਜਿਲ੍ਹਾ ਨਵਾਂਸ਼ਹਿਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ਼੍ਰੀਮਤੀ ਰਾਜ ਰਾਜਿੰਦਰ ਕੌਰ, ਲੈਕਚਰਾਰ ਮਿਊਜ਼ਿਕ, ਸਸਸਸ ਔੜ, ਜਿਲ੍ਹਾ ਨਵਾਂਸ਼ਹਿਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ

## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 10/147-09 ਅ-1(6) (ਕੋ:ਸੈਲ (2) )
ਮਿਤੀ, ਐਸ.ਏ.ਐਸ.ਨਗਰ :- 20-11-15

ਸ਼੍ਰੀਮਤੀ ਕੁਲਜੀਤ ਕੌਰ, ਲੈਕ: ਮੈਥ, ਸ.ਸ.ਸ.ਸ ਲੱਖੋ ਕੇ ਬਹਿਰਾਮ, ਜ਼ਿਲ੍ਹਾ ਫਿਰੋਜ਼ਪੁਰ ਜੋ ਮਿਤੀ 07-11-2005 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਸਰਕਾਰ ਦੇ ਹੁਕਮ ਨੰ: 18/206/09-1 ਸਿ-2/6117-18 ਮਿਤੀ 21-10-2009 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਤੇ ਪੰਜਾਬ ਸਰਕਾਰ ਆਚਰਣ ਨਿਯਮ 1966 ਦੇ ਉਪਬੰਧਾਂ ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਕੁਲਜੀਤ ਕੌਰ, ਲੈਕ: ਮੈਥ, ਸ.ਸ.ਸ.ਸ ਲੱਖੋ ਕੇ ਬਹਿਰਾਮ, ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਸਰਕਾਰ ਦੇ ਹੁਕਮ ਨੰ: 7/21/11-5 ਸਿ-2/2106 ਮਿਤੀ 13-03-12 ਰਾਂਹੀ ਡਿਪਟੀ ਡਾਇਰੈਕਟਰ (ਐ.ਸਿ), ਦਫਤਰ ਡੀ.ਪੀ.ਆਈ (ਐ.ਸਿ) ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿਚ ਕਰਮਚਾਰਨ ਵਿਰੁੱਧ ਮਿਤੀ 07-11-2005 ਤੋਂ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਕੁਲਜੀਤ ਕੌਰ, ਲੈਕ: ਮੈਥ, ਸ.ਸ.ਸ.ਸ ਲੱਖੋ ਕੇ ਬਹਿਰਾਮ, ਜ਼ਿਲ੍ਹਾ ਫਿਰੋਜ਼ਪੁਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 31-07-15 ਨੂੰ ਅਜੀਤ ਅਖਬਾਰ (ਜਲੰਧਰ ਅਡੀਸ਼ਨ) ਵਿਚ ਪਬਲਿਕ ਨੋਟਿਸ ਦਿੱਤਾ ਗਿਆ, ਜਿਸ ਵਿਚ ਲੜੀ ਨੰ:10 ਤੇ ਇਸ ਕਰਮਚਾਰਨ ਦਾ ਨਾਂ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰੇ। ਮਿਤੀ 29-10-15 ਨੂੰ ਹਿੰਦੁਸਤਾਨ ਟਾਈਮਜ਼ ਅਖਬਾਰ ਵਿਚ ਇੱਕ ਵੱਖਰੇ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਦੀ ਗੈਰ-ਹਾਜ਼ਰੀ ਦੀ ਮਿਤੀ ਦੀ ਸੋਧ ਬਾਰੇ ਵੀ ਸੂਚਿਤ ਕੀਤਾ ਗਿਆ ਪਰੰਤੂ ਪਬਲਿਕ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਕੁਲਜੀਤ ਕੌਰ, ਲੈਕ: ਮੈਥ, ਸ.ਸ.ਸ.ਸ ਲੱਖੋ ਕੇ ਬਹਿਰਾਮ, ਜ਼ਿਲ੍ਹਾ ਫਿਰੋਜ਼ਪੁਰ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 07-11-2005 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 21532-36    ਮਿਤੀ, ਐਸ.ਏ.ਐਸ.ਨਗਰ : 8/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਕੂਲ ਸਿਖਿਆ ਵਿਭਾਗ (ਸਿ-5 ਸ਼ਾਖਾ)।
2. ਮੰਡਲ ਸਿੱਖਿਆ ਅਫਸਰ, ਫਰੀਦਕੋਟ।
3. ਜਿਲਾ ਸਿੱਖਿਆ ਅਫਸਰ (ਸੈ:ਸਿ), ਫਿਰੋਜ਼ਪੁਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
4. (ਰਜਿਸਟਰਡ) ਮੁੱਖ ਅਧਿਆਪਕ, ਸ.ਸ.ਸ.ਸ ਲੱਖੋ ਕੇ ਬਹਿਰਾਮ, ਜ਼ਿਲ੍ਹਾ ਫਿਰੋਜ਼ਪੁਰ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।
5. ਸ਼੍ਰੀਮਤੀ ਕੁਲਜੀਤ ਕੌਰ, ਲੈਕ: ਮੈਥ, ਸ.ਸ.ਸ.ਸ ਲੱਖੋ ਕੇ ਬਹਿਰਾਮ, ਜ਼ਿਲ੍ਹਾ ਫਿਰੋਜ਼ਪੁਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ